BRITISH COLUMBIA HealthLinkBC

Punjabi - Number 25d
February 2018

# ਜਨਮ ਸਮੇਂ ਤੁਹਾਡੇ ਬੱਚੇ ਦਾ ਹੈਪੇਟਾਈਟਸ ਬੀ ਤੋਂ ਬਚਾਅ

# Protecting Your Baby against Hepatitis B at Birth

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਸਾਰੀਆਂ ਵੈਕਸੀਨਾਂ ਲਗਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਹੈਪੇਟਾਈਟਸ ਬੀ ਵੈਕਸੀਨ ਕੀ ਹੈ?

ਹੈਪੇਟਾਈਟਸ ਬੀ ਵੈਕਸੀਨ ਹੈਪੇਟਾਈਟਸ ਬੀ ਵਾਇਰਸ ਦੇ ਵਿਰੁੱਧ ਰੱਖਿਆ ਕਰਦੀ ਹੈ। ਹੈਪੇਟਾਈਟਸ ਬੀ ਵੈਕਸੀਨ ਤੁਹਾਡੇ ਬੱਚੇ ਦੇ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

## ਹੈਪੇਟਾਈਟਸ ਬੀ ਕੀ ਹੈ?

ਹੈਪੇਟਾਈਟਸ ਬੀ ਇਕ ਅਜਿਹਾ ਵਾਇਰਸ ਹੈ ਜੋ ਜਿਗਰ ਤੇ ਹਮਲਾ ਕਰਦਾ ਹੈ। ਜਦੋਂ ਬੱਚੇ ਹੈਪੇਟਾਈਟਸ ਬੀ ਨਾਲ ਵਿਗਾੜਗ੍ਰਸਤ ਹੋ ਜਾਂਦੇ ਹਨ ਤਾਂ ਵਾਇਰਸ ਦੀ ਸਦਾ ਲਈ ਸਰੀਰ ਵਿੱਚ ਰਹਿਣ ਦੀ ਬਹੁਤ ਸੰਭਾਵਨਾ ਹੁੰਦੀ ਹੈ।ਜੇ ਵਾਇਰਸ ਲੰਮੇ ਸਮੇਂ ਲਈ ਸਰੀਰ ਵਿੱਚ ਰਹਿੰਦਾ ਹੈ, ਤਾਂ ਉਹ ਜਿਗਰ ਨੂੰ ਸਥਾਈ ਨੁਕਸਾਨ (ਸਿਰੋਸਿਸ) ਸਮੇਤ ਗੰਭੀਰ ਬੀਮਾਰੀ ਦਾ ਕਾਰਨ ਬਣ ਸਕਦਾ ਹੈ। ਹੈਪੇਟਾਈਟਸ ਬੀ ਜਿਗਰ ਦੇ ਕੈਂਸਰ, ਜੋ ਕਿ ਜਾਨਲੇਵਾ ਹੋ ਸਕਦਾ ਹੈ, ਦੇ ਮੁੱਖ ਕਾਰਨਾਂ ਵਿੱਚੋਂ ਇੱਕ ਵੀ ਹੈ। ਇਸ ਕਰਕੇ ਛੋਟੀ ਉਮਰ ਵਿੱਚ ਵੈਕਸੀਨ ਤੋਂ ਪ੍ਰਾਪਤ ਕੀਤੀ ਜਾਣ ਵਾਲੀ ਰੱਖਿਆ ਮਹੱਤਵਪੂਰਨ ਹੈ।

## ਕਿਸ ਨੂੰ ਜਨਮ ਸਮੇਂ ਹੈਪੇਟਾਈਟਸ ਬੀ ਵੈਕਸੀਨ ਲੈਣੀ ਚਾਹੀਦੀ ਹੈ?

ਬੱਚੇ ਨੂੰ ਜਨਮ ਸਮੇਂ ਹੈਪੇਟਾਈਟਸ ਬੀ ਵੈਕਸੀਨ ਤਾਂ ਦਿੱਤੀ ਜਾਂਦੀ ਹੈ ਜੇਕਰ ਉਸਦੀ ਮਾਂ ਨੂੰ ਹੈਪੇਟਾਈਟਸ ਬੀ ਹੈ, ਜਾਂ ਉਸ ਨੂੰ ਹੈਪੇਟਾਈਟਸ ਬੀ ਵਿਗਾੜ ਦਾ ਜਿਆਦਾ ਜੋਖਮ ਹੈ।ਅਜਿਹਾ ਬੱਚਾ ਜਿਸ ਦੇ ਘਰ ਦੇ ਕਿਸੇ ਸਦੱਸ ਜਾਂ ਦੇਖਭਾਲ ਕਰਨ ਵਾਲੇ ਨੂੰ ਹੈਪੇਟਾਈਟਸ ਬੀ ਹੈ ਨੂੰ ਵੀ ਜਨਮ ਸਮੇਂ ਵੈਕਸੀਨ ਮਿਲਣੀ ਚਾਹੀਦੀ ਹੈ।ਹੈਪੇਟਾਈਟਸ ਬੀ ਵਿਗਾੜ ਦੇ ਜਿਆਦਾ ਜੋਖਮ ਵਾਲੇ ਲੋਕਾਂ ਦੀ ਸੂਚੀ ਲਈ, HealthLinkBC File #25a ਹੈਪੇਟਾਈਟਸ ਬੀ ਵੈਕਸੀਨ ਦੇਖੋ।

## ਜਨਮ ਸਮੇਂ ਬੱਚੇ ਦੀ ਹੈਪੇਟਾਈਟਸ ਬੀ ਵਿਰੁੱਧ ਰੱਖਿਆ ਕਿਵੇਂ ਕੀਤੀ ਜਾਂਦੀ ਹੈ?

ਜਦੋਂ ਇੱਕ ਮਾਂ ਹੈਪੇਟਾਈਟਸ ਬੀ ਨਾਲ ਵਿਗਾੜਗ੍ਰਸਤ ਹੁੰਦੀ ਹੈ, ਜਾਂ ਉਸ ਨੂੰ ਵਿਗਾੜ ਦਾ ਖਤਰਾ ਹੈ, ਤਾਂ ਉਸ ਦੇ ਬੱਚੇ ਨੂੰ ਜਨਮ ਸਮੇਂ 2 ਟੀਕੇ ਲਗਾਏ ਜਾਣਗੇ।ਇੱਕ ਹੈ ਹੈਪੇਟਾਈਟਸ ਬੀ ਇੰਮਯੂਨ ਗਲੋਬਿਯੂਲਿਨ, ਜੋ ਅਜਿਹੀਆਂ ਐਂਟੀਬਾਡੀਆਂ ਮੁਹੱਈਆ ਕਰਦਾ ਹੈ ਜਿਹੜੀਆਂ ਤੁਰੰਤ ਹੀ ਹੈਪੇਟਾਈਟਸ ਬੀ ਵਿਰੁੱਧ ਰੱਖਿਆ ਕਰਦੀਆਂ ਹਨ।ਦੂਸਰਾ ਟੀਕਾ ਹੈਪੇਟਾਈਟਸ ਬੀ ਵੈਕਸੀਨ ਹੈ, ਜਿਹੜਾ ਬੱਚੇ ਨੂੰ ਆਪਣੀਆਂ ਐਂਟੀਬਾਡੀਆਂ ਬਣਾਉਣ ਵਿੱਚ ਸਹਾਇਤਾ ਕਰਦਾ ਹੈ। ਇੱਕ ਅਜਿਹਾ ਬੱਚਾ ਜਿਸਦੀ ਮਾਂ ਵਿਗਾੜਗ੍ਰਸਤ ਨਹੀਂ ਹੈ ਪਰ ਜਿਸਦੇ ਘਰ ਦੇ ਕਿਸੇ ਸਦੱਸ ਜਾਂ ਦੇਖਭਾਲ ਕਰਨ ਵਾਲੇ ਨੂੰ ਹੈਪੇਟਾਈਟਸ ਬੀ ਹੈ ਨੂੰ ਜਨਮ ਦੇ ਸਮੇਂ ਕੇਵਲ ਹੈਪੇਟਾਈਟਸ ਬੀ ਵੈਕਸੀਨ ਹੀ ਦਿੱਤੀ ਜਾਂਦੀ ਹੈ।

ਜਨਮ ਤੋਂ ਬਾਅਦ, ਬੱਚੇ ਨੂੰ 2, 4 ਅਤੇ 6 ਮਹੀਨਿਆਂ ਦੀ ਉਮਰ ਤੇ ਹੈਪੇਟਾਈਟਸ ਬੀ ਵੈਕਸੀਨ ਦੀਆਂ 3 ਹੋਰ ਖੁਰਾਕਾਂ ਮਿਲਣਗੀਆਂ। ਇਹ ਬਚਪਨ ਦੀਆਂ ਦੂਸਰੀਆਂ ਵੈਕਸੀਨਾਂ ਦੇ ਨਾਲ ਹੀ ਦਿੱਤੀਆਂ ਜਾਂਦੀਆਂ ਹਨ। ਹੋਰ ਜਾਣਕਾਰੀ ਲਈ, HealthLinkBC File #105 ਡਿਪਥੀਰੀਆ, ਟੈਟਨਸ, ਪਰਟੂਸਿਸ, ਹੈਪੇਟਾਈਟਸ ਬੀ, ਪੋਲਿਓ, ਅਤੇ *ਹੀਮੋਫਿਲਿਸ ਇੰਫਲੂਐਨਜ਼ਾਏ* ਟਾਇਪ ਬੀ (ਡੀਟੈਪ-ਐਚਬੀ- ਆਈਪੀਵੀ-ਹਿਬ) ਵੈਕਸੀਨ ਦੇਖੋ।

ਜਨਮ ਸਮੇਂ ਟੀਕਾਕਰਣ ਕੀਤੇ ਜਾਣ ਵਾਲੇ ਬੱਚਿਆਂ ਨੂੰ ਉਨ੍ਹਾਂ ਦੀ ਹੈਪੇਟਾਈਟਸ ਬੀ ਦੀ ਆਖਰੀ ਖੁਰਾਕ ਤੋਂ 4 ਹਫਤੇ ਬਾਅਦ ਇਹ ਸੁਨਿਸ਼ਚਿਤ ਕਰਨ ਲਈ ਇੱਕ ਬਲੱਡ ਟੈਸਟ ਕਰਵਾਉਣ ਦੀ ਲੋੜ ਹੈ ਕਿ ਵੈਕਸੀਨ ਨੇ ਉਨ੍ਹਾਂ ਦੀ ਸੁਰੱਖਿਆ ਕਰ ਦਿੱਤੀ ਹੈ।

ਹੈਪੇਟਾਈਟਸ ਬੀ ਵੈਕਸੀਨ ਪ੍ਰਾਪਤ ਕਰਨ ਵਾਲੇ ਕਈ ਬੱਚਿਆਂ ਦਾ ਟੀਕਾਕਰਣ ਦਾ ਕਾਰਜਕ੍ਰਮ ਵੱਖਰਾ ਹੋ ਸਕਦਾ ਹੈ।ਜੇ ਤੁਹਾਨੂੰ ਇਸ ਬਾਰੇ ਪੱਕਾ ਪਤਾ ਨਹੀਂ ਹੈ ਕਿ ਤੁਹਾਡੇ ਬੱਚੇ ਦਾ ਟੀਕਾਕਰਣ ਜਾਂ ਉਸਦਾ ਟੈਸਟ ਕੀਤਾ ਜਾਣਾ ਚਾਹੀਦਾ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

ਹੈਪੇਟਾਈਟਸ ਬੀ ਇੰਮਯੂਨ ਗਲੋਬਿਯੂਲਿਨ ਜਾਂ ਹੈਪੇਟਾਈਟਸ ਬੀ ਇੰਨਫੈਂਟ ਵੈਕਸੀਨ ਬਾਰੇ ਜਿਆਦਾ ਜਾਣਕਾਰੀ ਲਈ HealthlinkBC File #25b ਹੈਪੇਟਾਈਟਸ ਬੀ ਇੰਮਯੂਨ ਗਲੋਬਿਯੂਲਿਨ ਅਤੇ HealthLinkBC File #25c ਹੈਪੇਟਾਈਟਸ ਬੀ ਇੰਨਫੈਂਟ ਵੈਕਸੀਨ ਦੇਖੋ।

## ਹੈਪੇਟਾਈਟਸ ਬੀ ਵੈਕਸੀਨ ਦੇ ਕੀ ਲਾਭ ਹਨ?

ਹੈਪੇਟਾਈਟਸ ਬੀ ਵੈਕਸੀਨ ਤੁਹਾਡੇ ਬੱਚੇ ਦੀ, ਹੈਪੇਟਾਈਟਸ ਬੀ ਅਤੇ ਉਸ ਦੀਆਂ ਜਟਿਲਤਾਵਾਂ ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ। ਜਟਿਲਤਾਵਾਂ ਵਿੱਚ ਸ਼ਾਮਲ ਹੈ ਜਿਗਰ ਨੂੰ ਸਥਾਈ ਨੁਕਸਾਨ, ਜੋ ਕਿ ਜਿਗਰ ਦੇ ਕੈਂਸਰ ਅਤੇ ਮੌਤ ਦਾ ਕਾਰਨ ਬਣ ਸਕਦਾ ਹੈ।

ਜਦੋਂ ਤੁਸੀ ਆਪਣੇ ਬੱਚੇ ਨੂੰ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਹੈਪੇਟਾਈਟਸ ਬੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ ਜਾਂ ਸੋਜ ਸ਼ਾਮਲ ਹੋ ਸਕਦੇ ਹਨ। ਕੁਝ ਬੱਚੇ ਬੁਖਾਰ, ਬੇਚੈਨੀ ਜਾਂ ਥਕਾਵਟ ਦਾ ਅਨੁਭਵ ਵੀ ਕਰ ਸਕਦੇ ਹਨ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਹੈਪੇਟਾਈਟਸ ਬੀ ਕਿਵੇਂ ਫੈਲਦੀ ਹੈ?

ਹੈਪੇਟਾਈਟਸ ਬੀ ਵਿਗਾੜਗ੍ਰਸਤ ਖ਼ੂਨ ਅਤੇ ਕੁਝ ਸਰੀਰਕ ਦ੍ਰਵਾਂ ਦੇ ਨਾਲ ਸੰਪਰਕ ਵਿੱਚ ਆਉਣ ਦੁਆਰਾ ਫੈਲਦੀ ਹੈ – ਉਦਾਹਰਣ ਲਈ ਬੱਚੇ ਦੇ ਜਨਮ ਦੇ ਦੌਰਾਨ। ਹੈਪੇਟਾਈਟਸ ਬੀ ਅਜਿਹੀਆਂ ਵਸਤੂਆਂ ਜਿਵੇਂ ਕਿ ਦੰਦਾਂ ਦੇ ਬਰੱਸ਼, ਡੇਂਟਲ ਫਲੌਸ, ਨੇਲ ਫਾਇਲਾਂ, ਨਸ਼ੇ ਦੇ ਟੀਕੇ ਲਗਾਏ ਜਾਣ ਵਾਲੀਆਂ ਸੂਈਆਂ ਸਾਂਝੀਆਂ ਕਰਨ ਨਾਲ ਅਤੇ ਅਜਿਹੇ ਦੂਸਰੇ ਵਿਅਕਤੀ, ਜੋ ਹੈਪੇਟਾਈਟਸ ਬੀ ਵਾਇਰਸ ਨਾਲ ਵਿਗਾੜਗ੍ਰਸਤ ਹੈ, ਦੇ ਨਾਲ ਬਿਨਾਂ ਕਿਸੇ ਸੁਰੱਖਿਆ ਤੋਂ ਸੰਭੋਗ ਕਰਨ ਰਾਹੀਂ ਵੀ ਫੈਲ ਸਕਦੀ ਹੈ।

ਹੈਪੇਟਾਈਟਸ ਬੀ ਵਾਲੇ ਕਿਸੇ ਵਿਅਕਤੀ ਦੇ ਨਾਲ ਉਸੀ ਘਰ ਵਿੱਚ ਰਹਿਣ ਵਾਲੇ ਲੋਕਾਂ ਨੂੰ ਹੈਪੇਟਾਈਟਸ ਬੀ ਨਾਲ ਵਿਗਾੜਗ੍ਰਸਤ ਹੋਣ ਦਾ ਜਿਆਦਾ ਖਤਰਾ ਹੈ ਅਤੇ ਉਨ੍ਹਾਂ ਨੂੰ ਹੈਪੇਟਾਈਟਸ ਬੀ ਵੈਕਸੀਨ ਲੈਣੀ ਚਾਹੀਦੀ ਹੈ। ਅਜਿਹੇ ਲੋਕਾਂ ਲਈ ਵੈਕਸੀਨ ਮੁਫਤ ਮੁਹੱਈਆ ਕੀਤੀ ਜਾਂਦੀ ਹੈ। ਅਪੌਇੰਟਮੈਂਟ ਬਣਾਉਣ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।ਹੈਪੇਟਾਈਟਸ ਬੀ ਬਾਰੇ ਹੋਰ ਜਾਣਕਾਰੀ ਲਈ, HealthLinkBC File #25a ਹੈਪੇਟਾਈਟਸ ਬੀ ਵੈਕਸੀਨ ਦੇਖੋ।

## ਜੇ ਮੈਨੂੰ ਹੈਪੇਟਾਈਟਸ ਬੀ ਹੈ ਤਾਂ ਕੀ ਮੈਂ ਆਪਣੇ ਬੱਚੇ ਨੂੰ ਆਪਣਾ ਦੁੱਧ ਪਿਲਾ ਸਕਦੀ ਹਾਂ?

ਹਾਂ ਤੁਸੀਂ ਛਾਤੀ ਦਾ ਦੁੱਧ ਪਿਲਾ ਸਕਦੇ ਹੋ।ਛਾਤੀ ਦਾ ਦੁੱਧ ਪਿਲਾਉਣ ਨਾਲ ਹੈਪੇਟਾਈਟਸ ਬੀ ਦਾ ਸੰਚਾਰ ਨਹੀਂ ਹੁੰਦਾ, ਜਦੋਂ ਤੱਕ ਕਿ ਤੁਹਾਡੇ ਨਿੱਪਲ ਤਿੜਕੇ ਨਾ ਹੋਣ ਅਤੇ ਉਹਨਾਂ ਵਿੱਚੋਂ ਖ਼ੂਨ ਨਾ ਵੱਗ ਰਿਹਾ ਹੋਵੇ।

## ਵਧੇਰੇ ਜਾਣਕਾਰੀ ਲਈ

ਬੀ. ਸੀ. ਵਿੱਚ ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ, ਬੀ.ਸੀ ਇਮਿਊਨਾਈਜ਼ੇਸ਼ਨਜ਼ ਸ਼ੈਡਿਊਲ ਦੇਖੋ www.healthlinkbc.ca/tools-videos/bc-immunization-schedules ਜਾਂ ਇਮਿਊਨਾਈਜ਼ ਬੀ.ਸੀ. ਤੇ ਜਾਓ https://immunizebc.ca/.

BRITISH COLUMBIA ImmunizeBC

BC Centre for Disease Control
An agency of the Provincial Health Services Authority